Vigilance Bureau Punjab

## VIGILANCE NABS ASI TAKING BRIBE OF RS. 10,000

Chandigarh, March 6: State Vigilance Bureau, today nabbed ASI Narinder Singh red handed while accepting bribe of Rs 10,000.

Disclosing this here an official spokesperson of the Vigilance Bureau said ASI Narinder Singh posted at Sadar Police Station Phagwara, Kapurthala was nabbed red handed on the complaint of Bhupinder Singh of Pratap Nagar, Ludhiana. The Complainant has approached the VB and alleged that the accused ASI was demanding Rs 25,000 to exclude his name in a criminal case registered at the police station and the deal was struck at Rs. 10,000.

After verifying his information, the Vigilance team laid a trap and the accused ASI was arrested on the spot taking bribe of Rs. 10,000 from the complainant in the presence of two official witnesses. He informed that a case under Prevention of Corruption Act has been registered against him at VB police station Ludhiana and further investigation was under progress.

ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਨੇ ਰਿਸ਼ਵਤ ਲੈਂਦਾ ਛੋਟਾ ਥਾਣੇਦਾਰ ਰੰਗੇ ਹੱਥੀਂ ਦਬੋਚਿਆ

ਚੰਡੀਗੜ੍ਹ, 6 ਮਾਰਚ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਸਦਰ ਥਾਣਾ ਫਗਵਾੜਾ, ਕਪੂਰਥਲਾ ਵਿਖੇ ਤਾਇਨਾਤ ਏ.ਐਸ.ਆਈ. ਨਰਿੰਦਰ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਛੋਟੇ ਥਾਣੇਦਾਰ ਨੂੰ ਸ਼ਿਕਾਇਤਕਰਤਾ ਭੁਪਿੰਦਰ ਸਿੰਘ ਵਾਸੀ ਪ੍ਰਤਾਪ ਨਗਰ, ਜ਼ਿਲ੍ਹਾ ਲੁਧਿਆਣਾ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ ਵਲੋਂ ਉਸ ਦਾ ਨਾਂ ਇਕ ਮੁਕੱਦਮੇ ਵਿਚੋਂ ਕੱਢਣ ਬਦਲੇ 25000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 10000 ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।